ਰਾਮਕਲੀ ਮਹਲਾ ੫ ॥ ਤੂ ਦਾਨਾ ਤੂ ਅਬਿਚਲੁ ਤੂਹੀ ਤੂ ਜਾਤਿ ਮੇਰੀ ਪਾਤੀ ॥ ਤੂ ਅਡੋਲੁ ਕਦੇ ਡੋਲਹਿ ਨਾਹੀ ਤਾ ਹਮ ਕੈਸੀ ਤਾਤੀ ॥੧॥ ਏਕੈ ਏਕੈ ਏਕ ਤੂਹੀ ॥ ਏਕੈ ਏਕੈ ਤੂ ਰਾਇਆ ॥ ਤਉ ਕਿਰਪਾ ਤੇ ਸੁਖੁ ਪਾਇਆ ॥੧॥ ਰਹਾਉ ॥ ਤੂ ਸਾਗਰੁ ਹਮ ਹੰਸ ਤੁਮਾਰੇ ਤੁਮ ਮਹਿ ਮਾਣਕ ਲਾਲਾ ॥ ਤੁਮ ਦੇਵਹੁ ਤਿਲੁ ਸੰਕ ਨ ਮਾਨਹੁ ਹਮ ਭੁੰਚਹ ਸਦਾ ਨਿਹਾਲਾ ॥੨॥ ਹਮ ਬਾਰਿਕ ਤੁਮ ਪਿਤਾ ਹਮਾਰੇ ਤੁਮ ਮੁਖਿ ਦੇਵਹੁ ਖੀਰਾ ॥ ਹਮ ਖੇਲਹ ਸਭਿ ਲਾਡ ਲਡਾਵਹ ਤੁਮ ਸਦ ਗੁਣੀ ਗਹੀਰਾ ॥੩॥ ਤੁਮ ਪੂਰਨ ਪੂਰਿ ਰਹੇ ਸੰਪੂਰਨ ਹਮ ਭੀ ਸੰਗਿ ਅਘਾਏ ॥ ਮਿਲਤ ਮਿਲਤ ਮਿਲਤ ਮਿਲਿ ਰਹਿਆ ਨਾਨਕ ਕਹਣੁ ਨ ਜਾਏ ॥੪॥੬॥ {ਪੰਨਾ 884}

ਪਦਅਰਥ:- ਦਾਨਾ—(ਦਿਲ ਦੀ) ਜਾਣਨ ਵਾਲਾ। ਅਬਿਚਲੁ—ਅਟੱਲ, ਸਦਾ ਕਾਇਮ ਰਹਿਣ ਵਾਲਾ। ਪਾਤੀ—ਪਾਤਿ, ਕੁਲ। ਅਡੋਲੁ—ਜਿਸ ਉਤੇ ਮਾਇਆ ਦੇ ਝਕੋਲਿਆਂ ਦਾ ਅਸਰ ਨਾਹ ਹੋ ਸਕੇ। ਤਾਤੀ—ਤਾਤਿ, ਚਿੰਤਾ।1।

ਏਕੈ—ਇੱਕ ਹੀ। ਰਾਇਆ—ਹੇ ਪਾਤਿਸ਼ਾਹ! ਤਉ—ਤੇਰੀ। ਤੇ—ਤੋਂ, ਨਾਲ।1। ਰਹਾਉ।

ਸਾਗਰੁ—ਸਮੁੰਦਰ। ਹਮ—ਅਸੀਂ ਜੀਵ। ਮਹਿ—ਵਿਚ, ਅੰਦਰ। ਮਾਣਕ—ਮੋਤੀ। ਤਿਲੁ—ਰਤਾ ਭਰ ਭੀ। ਸੰਕ ਝਿਜਕ। ਭੁੰਚਹ—{ਵਰਤਮਾਨ ਕਾਲ, ਉੱਤਮ ਪੁਰਖ, ਬਹੁ-ਵਚਨ} ਅਸੀਂ ਭੋਗਦੇ ਹਾਂ। ਨਿਹਾਲਾ—ਪ੍ਰਸੰਨ।2।

ਮੁਖਿ—ਮੂੰਹ ਵਿਚ। ਖੀਰਾ—ਦੁੱਧ। ਸਭਿ—ਸਾਰੇ। ਸਦ—ਸਦਾ। ਗੁਣੀ—ਗੁਣਾਂ ਦਾ ਮਾਲਕ। ਗਹੀਰਾ—ਡੂੰਘਾ, ਗੰਭੀਰ।3।

ਪੂਰਨ—ਸਰਬ-ਵਿਆਪਕ। ਪੂਰਿ ਰਹੇ—ਹਰ ਥਾਂ ਮੌਜੂਦ ਹੈ। ਸੰਪੂਰਨ—ਮੁਕੰਮਲ ਤੌਰ ਤੇ। ਸੰਗਿ—(ਤੇਰੇ) ਨਾਲ। ਅਘਾਏ—ਰੱਜ ਗਏ। ਮਿਲਤ—ਮਿਲਦਿਆਂ, ਮਿਲਣ ਦਾ ਜਤਨ ਕਰਦਿਆਂ। ਮਿਲਿ ਰਹਿਆ—(ਪੂਰਨ ਤੌਰ ਤੇ) ਮਿਲ ਜਾਂਦਾ ਹੈ।4।

ਅਰਥ:- ਹੇ ਪ੍ਰਭੂ ਪਾਤਿਸ਼ਾਹ! (ਅਸਾਂ ਜੀਵਾਂ ਦਾ) ਸਿਰਫ਼ ਇਕ ਤੂੰ ਹੀ (ਖਸਮ) ਹੈਂ, ਤੂੰ ਹੀ ਹੈਂ। ਤੇਰੀ ਮੇਹਰ ਨਾਲ ਹੀ ਅਸੀਂ ਸੁਖ ਹਾਸਲ ਕਰਦੇ ਹਾਂ।1। ਰਹਾਉ।

ਹੇ ਮੇਰੇ ਪ੍ਰਭੂ-ਪਾਤਿਸ਼ਾਹ! ਤੂੰ ਮੇਰੇ ਦਿਲ ਦੀ ਜਾਣਨ ਵਾਲਾ ਹੈਂ, ਤੂੰ ਸਦਾ ਕਾਇਮ ਰਹਿਣ ਵਾਲਾ ਹੈਂ, ਤੂੰ ਹੀ ਮੇਰੀ ਜਾਤ ਹੈਂ, ਤੂੰ ਹੀ ਮੇਰੀ ਕੁਲ ਹੈਂ (ਉੱਚੀ ਜਾਤਿ ਕੁਲ ਦਾ ਮਾਣ ਹੋਣ ਦੇ ਥਾਂ ਮੈਨੂੰ ਇਹੀ ਭਰੋਸਾ ਹੈ ਕਿ ਤੂੰ ਹੀ ਹਰ ਵੇਲੇ ਮੇਰੇ ਅੰਗ-ਸੰਗ ਹੈਂ)। ਹੇ ਪਾਤਿਸ਼ਾਹ! ਮਾਇਆ ਦੇ ਝਕੋਲੇ ਤੇਰੇ ਉਤੇ ਅਸਰ ਨਹੀਂ ਕਰ ਸਕਦੇ, ਤੂੰ (ਮਾਇਆ ਦੇ ਟਾਕਰੇ ਤੇ) ਕਦੇ ਡੋਲਦਾ ਨਹੀਂ (ਜੇ ਮੇਰੇ ਉਤੇ ਤੇਰੀ ਕਿਰਪਾ ਰਹੇ ਤਾਂ) ਮੈਨੂੰ ਭੀ ਕੋਈ ਚਿੰਤਾ-ਫ਼ਿਕਰ ਪੋਹ ਨਹੀਂ ਸਕਦਾ।1।

ਹੇ ਮੇਰੇ ਪ੍ਰਭੂ-ਪਾਤਿਸ਼ਾਹ! ਤੂੰ ਸਮੁੰਦਰ ਹੈਂ, ਅਸੀਂ ਤੇਰੇ ਹੰਸ ਹਾਂ, ਤੇਰੇ (ਚਰਨਾਂ) ਵਿਚ ਰਹਿ ਕੇ (ਤੇਰੀ ਸਿਫ਼ਤਿ-ਸਾਲਾਹ ਦੇ) ਮੋਤੀ ਤੇ ਲਾਲ ਪ੍ਰਾਪਤ ਕਰਦੇ ਹਾਂ। (ਇਹ ਮੋਤੀ ਲਾਲ) ਤੂੰ ਸਾਨੂੰ ਦੇਂਦਾ ਹੈਂ (ਸਾਡੇ ਔਗੁਣਾਂ ਵਲ ਤੱਕ ਕੇ) ਤੂੰ ਦੇਣੋਂ ਰਤਾ ਭਰ ਭੀ ਝਿਜਕ ਨਹੀਂ ਕਰਦਾ। ਅਸੀਂ ਜੀਵ ਉਹ ਮੋਤੀ ਲਾਲ ਸਦਾ ਵਰਤਦੇ ਹਾਂ ਤੇ ਪ੍ਰਸੰਨ ਰਹਿੰਦੇ ਹਾਂ।2।

ਹੇ ਮੇਰੇ ਪ੍ਰਭੂ-ਪਾਤਿਸ਼ਾਹ! ਅਸੀਂ ਜੀਵ ਤੇਰੇ ਬੱਚੇ ਹਾਂ, ਤੂੰ ਸਾਡਾ ਪਿਉ ਹੈਂ, ਤੂੰ ਸਾਡੇ ਮੂੰਹ ਵਿਚ ਦੁੱਧ ਪਾਂਦਾ ਹੈਂ। (ਤੇਰੀ ਗੋਦ ਵਿਚ) ਅਸੀਂ ਖੇਡਦੇ ਹਾਂ, ਸਾਰੇ ਲਾਡ ਕਰਦੇ ਹਾਂ, ਤੂੰ ਗੁਣਾਂ ਦਾ ਮਾਲਕ ਸਦਾ ਗੰਭੀਰ ਰਹਿੰਦਾ ਹੈਂ (ਅਸਾਂ ਬੱਚਿਆਂ ਦੇ ਔਗੁਣਾਂ ਵਲ ਨਹੀਂ ਤੱਕਦਾ)।3।

ਹੇ ਮੇਰੇ ਪ੍ਰਭੂ-ਪਾਤਿਸ਼ਾਹ! ਤੂੰ ਸਰਬ-ਵਿਆਪਕ ਹੈਂ, ਮੁਕੰਮਲ ਤੌਰ ਤੇ ਹਰ ਥਾਂ ਮੌਜੂਦ ਹੈਂ, ਅਸੀਂ ਜੀਵ ਭੀ ਤੇਰੇ ਚਰਨਾਂ ਵਿਚ ਰਹਿ ਕੇ (ਮਾਇਆ ਦੀ ਤ੍ਰਿਸ਼ਨਾ ਵਲੋਂ) ਰੱਜੇ ਰਹਿੰਦੇ ਹਾਂ। ਹੇ ਨਾਨਕ! (ਆਖ—ਪ੍ਰਭੂ-ਪਾਤਿਸ਼ਾਹ ਦੀ ਮੇਹਰ ਨਾਲ ਜੇਹੜਾ ਜੀਵ ਉਸ ਪ੍ਰਭੂ ਨੂੰ) ਮਿਲਣ ਦਾ ਜਤਨ ਹਰ ਵੇਲੇ ਕਰਦਾ ਰਹਿੰਦਾ ਹੈ, ਉਹ ਹਰ ਵੇਲੇ ਉਸ ਵਿਚ

ਮਿਲਿਆ ਰਹਿੰਦਾ ਹੈ, ਤੇ, ਉਸ ਜੀਵ ਦੀ ਉੱਚੀ ਆਤਮਕ ਅਵਸਥਾ ਦਾ ਬਿਆਨ ਨਹੀਂ ਕੀਤਾ ਜਾ ਸਕਦਾ।4।6।